ਜ਼ਮੀਨ-ਜਾਇਦਾਦ ਸਬੰਧੀ ਰਜ਼ਾਮੰਦੀ ਨਾਲ ਵੰਡ ਕਰਵਾਉਣ ਲਈ ਆਪਣੇ ਕੇਸਾਂ ਨੂੰ ਤਹਿਸਲੀਦਾਰ ਜਾਂ ਨਾਇਬ ਤਹਿਸੀਲਦਾਰ ਕੋਲ ਦਰਜ ਕਰਵਾਉਣ ਲੋਕ : ਡਿਪਟੀ ਕਮਿਸ਼ਨਰ

ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ

ਤਰਨਤਾਰਨ, 8 ਦਸੰਬਰ :

ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਇਸ ਮੌਕੇ ਐਸ.ਡੀ.ਐਮ. ਖਡੂਰ ਸਾਹਿਬ ਡਾ. ਪੱਲਵੀ ਚੌਧਰੀ, ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਜ਼ਿਲ੍ਹਾ ਮਾਲ ਅਫ਼ਸਰ ਅਰਵਿੰਦਰਪਾਲ ਸਿੰਘ ਤੋਂ ਇਲਾਵਾ ਮਾਲ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਇਸ ਮੌਕੇ ’ਤੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਜ਼ਮੀਨ-ਜਾਇਦਾਦ ਸਬੰਧੀ ਖਾਨਗੀ ਤਕਸੀਮ ਦੇ ਕੇਸਾਂ ਨੂੰ ਪਹਿਲ ਦੇ ਆਧਾਰ ’ਤੇ ਨਿਪਟਾਉਣ ਦੇ ਆਦੇਸ਼ ਜਾਰੀ ਕੀਤੇ। ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜ਼ਮੀਨ-ਜਾਇਦਾਦ ਸਬੰਧੀ ਰਜ਼ਾਮੰਦੀ ਨਾਲ ਵੰਡ ਕਰਵਾਉਣ ਲਈ ਆਪਣੇ ਕੇਸਾਂ ਨੂੰ ਸੰਬੰਧਿਤ ਤਹਿਸਲੀਦਾਰ ਜਾਂ ਨਾਇਬ ਤਹਿਸੀਲਦਾਰ ਕੋਲ ਦਰਜ ਕਰਵਾਉਣ ਤਾਂ ਜੋ ਭਵਿੱਖ ਵਿੱਚ ਇਸ ਸਬੰਧੀ ਹੋਣ ਵਾਲੇ ਝਗੜਿਆਂ ਅਤੇ ਖੱਜਲ ਖੁਆਰੀ ਤੋਂ ਛੁਟਕਾਰਾ ਮਿਲ ਸਕੇ।

ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਪੈਂਡਿੰਗ ਪਏ ਰਿਕਵਰੀ ਦੇ ਕੇਸਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਦੀ ਹਦਾਇਤ ਕਰਦਿਆਂ ਰਿਪੋਰਟ ਭੇਜਣ ਲਈ ਕਿਹਾ। ਉਨ੍ਹਾਂ ਇਹ ਵੀ ਆਦੇਸ਼ ਦਿੱਤੇ ਕਿ ਬਕਾਇਆ ਪਏ ਔਡਿਟ ਪੈਰਿਆਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ ਤਾਂ ਜੋ ਇਸ ਦੀ ਰਿਪੋਰਟ ਸਰਕਾਰ ਨੂੰ ਭੇਜੀ ਜਾ ਸਕੇ।

--------------------------